# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 24-01-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਹੁਣ ਤੋਂ ਥੋੜੀ ਦੇਰ ਬਾਅਦ, ਨਵੀਂ ਦਿੱਲੀ ਵਿੱਚ ਗਣਤੰਤਰ ਦਿਵਸ ਸਮਾਗਮ ਵਿਚ ਹਿੱਸਾ ਲੈਣ ਵਾਲੇ NCC ਕੈਡਿਟਾਂ, ਝਾਂਕੀ ਕਲਾਕਾਰਾਂ ਅਤੇ ਕਬਾਇਲੀ ਮਹਿਮਾਨਾਂ ਨਾਲ ਮੁਲਾਕਾਤ ਕਰਨਗੇ।
- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਚ ਨਸ਼ਿਆਂ ਦੀ ਸਮੱਸਿਆ ਤੇ ਮਹਿਲਾਵਾਂ ਤੇ ਉਸਦਾ ਭਾਰ ਵਿਸ਼ੇ ਤੇ ਇਕ ਵਿਸ਼ੇਸ਼ ਸਮਾਗਮ ਦਾ ਆਯੋਜਨ- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਨਸ਼ਿਆਂ ਦੀ ਸਮੱਸਿਆ ਤੇ ਗੰਭੀਰ ਚਿੰਤਾ ਪ੍ਰਗਟਾਈ।
- ਉੱਤਰੀ ਰੇਲਵੇ ਨੇ 69ਵਾਂ ਰੇਲਵੇ ਹਫ਼ਤਾ ਮਨਾਇਆ-104 ਰੇਲਵੇ ਕਰਮਚਾਰੀਆਂ ਨੂੰ ਸ਼ਾਨਦਾਰ ਸੇਵਾ ਲਈ ਸਨਮਾਨਿਤ ਕੀਤਾ ਗਿਆ ਏ।
- ਅੱਜ ਦੇਸ਼ ਭਰ ਰਾਸ਼ਟਰੀ ਬਾਲੜੀ ਦਿਵਸ ਮਨਾਇਆ ਜਾ ਰਿਹਾ ਏ

- ਸੂਬਾ ਪੱਧਰੀ 'ਪੰਜਾਬ ਇਲੈਕਸ਼ਨ ਕੁਇਜ਼-2025' ਦੇ ਜੇਤੂਆਂ ਨੂੰ ਕਲ ਰਾਸ਼ਟਰੀ ਵੋਟਰ ਦਿਵਸ ਤੇ ਲੁਧਿਆਣਾ ਵਿਖੇ ਕੀਤਾ ਜਾਵੇਗਾ ਸਨਮਾਨਿਤ ।

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਹੁਣ ਤੋਂ ਥੋੜ੍ਹੀ ਦੇਰ ਬਾਅਦ, ਨਵੀਂ ਦਿੱਲੀ ਵਿੱਚ ਗਣਤੰਤਰ ਦਿਵਸ ਸਮਾਗਮ ਦੇ NCC ਕੈਡਿਟਾਂ, NSS ਵਾਲੰਟੀਅਰਾਂ, ਯੂਥ ਐਕਸਚੇਂਜ ਪ੍ਰੋਗਰਾਮ ਦੇ ਕੈਡਿਟਾਂ, ਝਾਂਕੀ ਕਲਾਕਾਰਾਂ ਅਤੇ ਕਬਾਇਲੀ ਮਹਿਮਾਨਾਂ ਨਾਲ ਮੁਲਾਕਾਤ ਕਰਨਗੇ । ਪ੍ਰਧਾਨ ਮੰਤਰੀ ਦੀ ਰਿਹਾਇਸ਼ 'ਤੇ ਇੱਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਏ । ਸ਼੍ਰੀ ਮੋਦੀ ਪਰਦੇ ਦੇ ਪਿੱਛੇ ਕੰਮ ਕਰਨ ਵਾਲੇ ਝਾਂਕੀ ਕਲਾਕਾਰਾਂ ਦੇ ਨਾਲ-ਨਾਲ ਇਸ ਸਾਲ ਗਣਤੰਤਰ ਦਿਵਸ ਪਰੇਡ ਵਿੱਚ ਹਿੱਸਾ ਲੈਣ ਵਾਲੇ ਐਨਸੀਸੀ ਕੈਡਿਟਾਂ ਨਾਲ ਗੱਲਬਾਤ ਕਰਨਗੇ। ਇਸ ਵਾਰ ਗਣਤੰਤਰ ਦਿਵਸ ਪਰੇਡ 2025 , ਸੰਵਿਧਾਨ ਦੇ ਲਾਗੂ ਹੋਣ ਦੇ 75 ਸਾਲਾਂ ਅਤੇ ਜਨ ਭਾਗੀਦਾਰੀ 'ਤੇ ਵਿਸ਼ੇਸ਼ ਧਿਆਨ ਦਿੰਦੇ ਹੋਏ , ਭਾਰਤ ਦੀ ਸੱਭਿਆਚਾਰਕ ਵਿਭਿੰਨਤਾ ਅਤੇ ਫੌਜੀ ਸ਼ਕਤੀ ਦਾ ਇੱਕ ਵਿਲੱਖਣ ਸੁਮੇਲ ਹੋਵੇਗਾ। ਇਸ ਸਾਲ, ਵੱਖ-ਵੱਖ ਸੂਬਿਆਂ ਕੇਂਦਰ

ਸ਼ਾਸਤ ਪ੍ਰਦੇਸ਼ਾਂ ਅਤੇ ਕੇਂਦਰ ਸਰਕਾਰ ਦੇ ਮੰਤਰਾਲਿਆਂ ਤੇ ਵਿਭਾਗਾਂ ਤੋਂ 31 ਝਾਕੀਆਂ ਹਿੱਸਾ ਲੈਣਗੀਆਂ, ਜਿਸ ਵਿੱਚ "ਸੁਨਹਰਾ ਭਾਰਤ: ਵਿਰਾਸਤ ਅਤੇ ਵਿਕਾਸ" ਵਿਸ਼ੇ ਨੂੰ ਪ੍ਰਦਰਸ਼ਿਤ ਕੀਤਾ ਜਾਵੇਗਾ। ਗਣਤੰਤਰ ਦਿਵਸ ਪਰੇਡ ਵਿਚ ਦੋ ਝਾਕੀਆਂ ਭਾਰਤ ਦੇ ਸੰਵਿਧਾਨ ਦੇ 75 ਸਾਲਾਂ ਨੂੰ ਦਰਸਾਉਣਗੀਆਂ । ਇਸਤੋਂ ਇਲਾਵਾ ਭਗਵਾਨ ਬਿਰਸਾ ਮੁੰਡਾ ਦੀ 150ਵੀਂ ਜਯੰਤੀ , ਸਰਦਾਰ ਵੱਲਭ ਭਾਈ ਪਟੇਲ ਅਤੇ ਭਾਰਤ ਦੇ ਮੌਸਮ ਵਿਭਾਗ ਤੇ ਅਧਾਰਿਤ ਝਾਕੀਆਂ ਵੀ ਖਿੱਚ ਦਾ ਕੇਂਦਰ ਹੋਣਗੀਆਂ । ਗਣਤੰਤਰ ਦਿਵਸ ਪਰੇਡ ਦੀ ਸ਼ੁਰੂਆਤ, ਦੇਸ਼ ਦੇ ਵੱਖ-ਵੱਖ ਹਿੱਸਿਆਂ ਦੇ 300 ਸੱਭਿਆਚਾਰਕ ਕਲਾਕਾਰ 'ਸਾਰੇ ਜਹਾਂ ਸੇ ਅੱਛਾ' ਸੰਗੀਤਕ ਸਾਜ਼ ਵਜਾਉਂਦੇ ਹੋਏ ਕਰਨਗੇ।

-----------------------------------------------------------------------

ਬੋਰੀ-ਬੰਦਰ ਅਤੇ ਠਾਣੇ ਦਰਮਿਆਨ ਚੱਲਣ ਵਾਲੀ ਪਹਿਲੀ ਰੇਲਗੱਡੀ ਦੀ ਯਾਦ ਵਿੱਚ, ਭਾਰਤੀ ਰੇਲਵੇ ਹਰ ਸਾਲ ਰੇਲਵੇ ਹਫ਼ਤੇ ਦਾ ਆਯੋਜਨ ਕਰਦਾ ਏ । ਇਸ ਸਾਲ ਉੱਤਰੀ ਰੇਲਵੇ ਵਲੋਂ 69ਵਾਂ ਰੇਲਵੇ ਹਫ਼ਤਾ ਮਨਾਇਆ ਗਿਆ । ਉੱਤਰੀ ਰੇਲਵੇ ਦੇ ਜਨਰਲ ਮੈਨੇਜਰ ਅਸ਼ੋਕ ਕੁਮਾਰ ਵਰਮਾ ਨੇ ਅੱਜ ਨਵੀਂ ਦਿੱਲੀ ਸਥਿਤ ਰਾਸ਼ਟਰੀ ਰੇਲ ਅਜਾਇਬ ਘਰ,

ਵਿਚ ਕਰਵਾਏ ਪੁਰਸਕਾਰ ਸਮਾਗਮ ਵਿੱਚ,104 ਰੇਲਵੇ ਕਰਮਚਾਰੀਆਂ ਦੁਆਰਾ ਨਿਭਾਈ ਗਈ ਸ਼ਾਨਦਾਰ ਸੇਵਾ ਲਈ ਪੁਰਸਕਾਰ ਅਤੇ ਵੱਖ-ਵੱਖ ਖੇਤਰਾਂ ਵਿੱਚ, ਉਨ੍ਹਾਂ ਦੇ ਪ੍ਰਦਰਸ਼ਨ ਲਈ, ਵੱਖ-ਵੱਖ ਜ਼ੋਨਾਂ ਨੂੰ ਪੁਰਸਕਾਰ ਪ੍ਰਦਾਨ ਕੀਤੇ। ਫਿਰੋਜ਼ਪੁਰ ਡਿਵੀਜ਼ਨ ਦੇ ਸੀਨੀਅਰ ਡਿਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮ-ਦੀਪ ਸਿੰਘ ਸੈਨੀ ਨੂੰ ਵਿਸ਼ਿਸ਼ਟ ਰੇਲ ਸੇਵਾ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ । ਫ਼ਿਰੋਜ਼ਪੁਰ ਡਿਵੀਜ਼ਨ ਨੂੰ ਵਣਜ, ਟਰੈਕ, ਡੀਜ਼ਲ ਸ਼ੈੱਡ, ਲੋਕੋ ਕੁਸ਼ਲਤਾ, ਸੁਰੱਖਿਆ, ਸਵੱਛਤਾ ਵਿੱਚ ਸਰਬੋਤਮ ਪ੍ਰਦਰਸ਼ਨ ਲਈ ਨਿਵਾਜ਼ਿਆ ਗਿਆ । ਜਨਰਲ ਮੈਨੇਜਰ ਨੇ ਪ੍ਰਮੁੱਖ ਕਾਰਜਸ਼ੀਲ ਖੇਤਰਾਂ ਵਿੱਚ ਉੱਤਰੀ ਰੇਲਵੇ ਦੀਆਂ ਵੱਖ-ਵੱਖ ਪ੍ਰਾਪਤੀਆਂ ਲਈ ਅਧਿਕਾਰੀਆਂ ਅਤੇ ਸਟਾਫ ਨੂੰ ਵਧਾਈ ਦਿੱਤੀ

---------------------------------------------------------------------------

15ਵੇਂ ਰਾਸ਼ਟਰੀ ਵੋਟਰ ਦਿਵਸ' ਨੂੰ ਸਮਰਪਿਤ ਸੂਬਾ ਪੱਧਰੀ ਆਫਲਾਈਨ 'ਪੰਜਾਬ ਇਲੈਕਸ਼ਨ ਕੁਇਜ਼-2025' ਵੱਖ-ਵੱਖ 23 ਜ਼ਿਲ੍ਹਿਆਂ ਦੇ ਟਾਪਰਾਂ ਵਿਚਕਾਰ, ਅੱਜ ਲੁਧਿਆਣਾ ਦੇ ਸਰਕਾਰੀ ਕਾਲਜ ਵਿਖੇ ਆਯੋਜਿਤ ਕੀਤਾ ਗਿਆ ।ਇਸ ਮੌਕੇ 23 ਨੌਜਵਾਨਾਂ ਨੇ ਆਫਲਾਈਨ

ਮੁਕਾਬਲੇ ਵਿੱਚ ਹਿੱਸਾ ਲਿਆ।ਮੋਗਾ ਦੇ ਸੁਮੀਤ ਨਰੂਲਾ ਨੂੰ ਪਹਿਲਾ, ਪਟਿਆਲਾ ਤੋਂ ਗੁਰਲੀਨ ਕੌਰ ਨੂੰ ਦੂਜਾ ਅਤੇ ਮੋਹਾਲੀ ਤੋਂ ਲਵਿਸ਼ ਨੂੰ ਤੀਸਰੇ ਸਥਾਨ ਲਈ ਐਲਾਨਿਆ ਗਿਆ। ਇਨ੍ਹਾਂ ਤਿੰਨਾਂ ਨੂੰ ਕੱਲ੍ਹ ਵਿਸ਼ੇਸ਼ ਇਨਾਮ ਦਿੱਤੇ ਜਾਣਗੇ। ਇਸ ਮੁਕਾਬਲੇ ਦਾ ਉਦਘਾਟਨ ਵਧੀਕ ਮੁੱਖ ਚੋਣ ਅਫ਼ਸਰ ਹਰੀਸ਼ ਨਈਅਰ ਨੇ ਕੀਤਾ ਅਤੇ ਇਸ ਮੌਕੇ ਸੰਯੁਕਤ ਮੁੱਖ ਚੋਣ ਅਫ਼ਸਰ ਸਕੱਤਰ ਸਿੰਘ ਬੱਲ, ਵਧੀਕ ਡਿਪਟੀ ਕਮਿਸ਼ਨਰ ਕੁਲਪ੍ਰੀਤ ਸਿੰਘ ਵੀ ਮੌਜੂਦ ਰਹੇ। ਪੰਜਾਬ ਇਲੈਕਸ਼ਨ ਕੁਇਜ਼-2025' ਆਨਲਾਈਨ ਅਤੇ ਆਫਲਾਈਨ ਦੋਵਾਂ ਢੰਗਾਂ ਵਿੱਚ ਕਰਵਾਇਆ ਗਿਆ। ਪਹਿਲੇ ਦੌਰ ਵਿੱਚ, ਜੇਤੂਆਂ ਦੀ ਪਛਾਣ ਜ਼ਿਲ੍ਹਾ ਪੱਧਰ 'ਤੇ ਆਨਲਾਈਨ ਮੁਕਾਬਲੇ ਅਤੇ ਅੱਜ ਆਯੋਜਿਤ ਅੰਤਿਮ ਆਫਲਾਈਨ ਮੁਕਾਬਲੇ ਤਹਿਤ ਕੀਤੀ ਗਈ।

----------------------------------------------------------------------------

ਦੇਸ਼ ਦੇ ਨਿਰਮਾਣ ਵਿੱਚ ਆਪਣਾ ਭਰਪੂਰ ਯੋਗਦਾਨ ਦੇਣ ਅਤੇ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਦਾ ਲਾਭ ਲੈ ਕੇ, ਤਰੱਕੀ ਕਰਨ ਵਾਲਿਆਂ ਨੂੰ ਸਨਮਾਨ ਦੇਣ ਲਈ, ਭਾਰਤ ਸਰਕਾਰ ਵੱਲੋਂ ਦੇਸ਼ ਭਰ ਚੋਂ 10 ਹਜ਼ਾਰ

ਨਾਗਰਿਕਾਂ ਨੂੰ ਵਿਸ਼ੇਸ਼ ਸਨਮਾਨ ਦੇਣ ਵਾਸਤੇ 26 ਜਨਵਰੀ ਗਣਤੰਤਰ ਦਿਵਸ ਤੇ ਬੁਲਾਇਆ ਗਿਆ ਏ। ਇਹਨਾਂ ਵਿੱਚ ਬਹੁਤ ਸਾਰੇ ਪੰਜਾਬ ਤੋਂ ਵੀ ਨੇ ਪੇਸ਼ ਏ ਇਸ ਬਾਰੇ ਇੱਕ ਰਿਪੋਰਟ

-------------------------------------------------------------------------------

ਪੰਜਾਬ ਪੱਛੜੀਆਂ ਸ਼੍ਰੇਣੀਆਂ ਭੂਮੀ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ-ਬੈਕਫਿੰਕੋ ਵੱਲੋਂ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿਚ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਨੇ ਜੋ ਕਿ 7 ਫਰਵਰੀ ਤੱਕ ਜਾਰੀ ਰਹਿਣਗੇ। ਬੈਕਫਿੰਕੋ ਦੇ ਚੇਅਰਮੈਨ ਸੰਦੀਪ ਸੈਣੀ ਨੇ ਦੱਸਿਆ ਏ ਕਿ ਪੱਛੜੀਆਂ ਸ਼੍ਰੇਣੀਆਂ, ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਅਤੇ ਘੱਟ ਗਿਣਤੀ ਭਾਈਚਾਰਿਆਂ ਨੂੰ ਸਵੈ-ਰੋਜ਼ਗਾਰ ਯੋਜਨਾਵਾਂ ਤਹਿਤ ਘੱਟ ਵਿਆਜ ਦਰਾਂ 'ਤੇ ਕਰਜ਼ੇ ਮੁਹੱਈਆ ਕਰਵਾਏ ਜਾ ਰਹੇ ਨੇ । BYTE ਉਨ੍ਹਾਂ ਦਸਿਆ ਕਿ ਸ੍ਰੀ ਮੁਕਤਸਰ ਸਾਹਿਬ, ਹੁਸ਼ਿਆਰਪੁਰ, ਰੋਪੜ, ਅੰਮ੍ਰਿਤਸਰ ਅਤੇ ਐਸ.ਏ.ਐਸ.ਨਗਰ ਜ਼ਿਲਿਆਂ ਵਿੱਚ ਜਾਗਰੂਕਤਾ ਕੈਂਪ ਲਗਾਏ ਜਾ ਚੁੱਕੇ ਨੇ। ਹੁਣ 29 ਜਨਵਰੀ ਨੂੰ ਪਟਿਆਲਾ ਵਿਚ, 30 ਜਨਵਰੀ ਨੂੰ ਫਿਰੋਜ਼ਪੁਰ ਵਿਚ, 31 ਜਨਵਰੀ ਨੂੰ ਸੰਗਰੂਰ ਵਿਚ ਅਤੇ 7

ਫਰਵਰੀ ਨੂੰ ਬਠਿੰਡਾ ਵਿਚ ਕੈਂਪ ਲਗਾਏ ਜਾਣਗੇ ।

---------------------------------------------------------------------------

ਰਾਸ਼ਟਰੀ ਮਹਿਲਾ ਆਯੋਗ, ਨਵੀਂ ਦਿੱਲੀ ਵੱਲੋਂ ਅੱਜ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਾਂਝੇ ਉੱਦਮ ਨਾਲ "ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ: ਔਰਤਾਂ ਤੇ ਭਾਰ ਨੂੰ ਉਜਾਗਰ ਕਰਨਾ" ਵਿਸ਼ੇ ਤੇ ਇਕ ਸਮਾਗਮ ਦਾ ਆਯੋਜਨ ਕੀਤਾ ਗਿਆ। ਰਾਸ਼ਟਰੀ ਮਹਿਲਾ ਆਯੋਗ ਦੀ ਮੈਂਬਰ ਸਕੱਤਰ ਮੀਨਾਕਸ਼ੀ ਨੇਗੀ ਨੇ ਪ੍ਰੋਗਰਾਮ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ । ਸਮਾਗਮ ਦੇ ਮੁਖ ਮਹਿਮਾਨ, ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਆਪਣੇ ਸੰਬੋਧਨ ਵਿਚ ਪੰਜਾਬ ਵਿੱਚ ਵੱਧ ਰਹੀ ਨਸ਼ਿਆਂ ਦੀ ਸਮੱਸਿਆ ਤੇ ਗੰਭੀਰ ਚਿੰਤਾ ਪ੍ਰਗਟਾਈ। BYTE: ਉਨ੍ਹਾਂ ਕਿਹਾ ਕਿ ਪੰਜਾਬ ਗੁਰੂਆਂ ਅਤੇ ਪੀਰਾਂ ਦੀ ਪਵਿੱਤਰ ਧਰਤੀ ਏ। ਇੱਥੇ ਦੇ ਲੋਕਾਂ ਵਿੱਚ ਨੈਤਿਕ ਅਤੇ ਸਾਂਸਕ੍ਰਿਤਿਕ ਤਾਕਤ ਏ। ਜੇਕਰ ਇਸ ਪਵਿੱਤਰ ਧਰਤੀ ਤੋਂ ਪ੍ਰਣ ਲਿਆ ਜਾਵੇ, ਤਾਂ ਨਸ਼ਿਆਂ ਦੀ ਸਮੱਸਿਆ ਨੂੰ ਜੜ ਤੋਂ ਖਤਮ ਕੀਤਾ ਜਾ ਸਕਦਾ ਏ। ਉਨ੍ਹਾਂ ਨੇ ਨੌਜਵਾਨਾਂ ਅਤੇ ਔਰਤਾਂ ਨੂੰ ਇਸ ਕਾਰਜ ਦਾ ਕੇਂਦਰ ਬਿੰਦੂ ਬਣਾਉਣ ਤੇ ਜ਼ੋਰ ਦਿੱਤਾ

ਅਤੇ ਨਸ਼ਾ ਮੁਕਤ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਦੀ ਅਪੀਲ ਕੀਤੀ ਤਾਂ ਜੋ ਜ਼ਮੀਨੀ ਪੱਧਰ ਤੇ ਨਸ਼ਿਆਂ ਦੀ ਸਮੱਸਿਆ ਦਾ ਹੱਲ ਕੀਤਾ ਜਾ ਸਕੇ। ਰਾਸ਼ਟਰੀ ਮਹਿਲਾ ਆਯੋਗ ਦੀ ਚੇਅਰਪਰਸਨ ਵਿਜਯ ਕਿਸ਼ੋਰ ਨੇ ਔਰਤਾਂ ਤੇ ਨਸ਼ਿਆਂ ਦੇ ਪੈ ਰਹੇ ਪ੍ਰਭਾਵ ਦੀ ਗੱਲ ਕੀਤੀ। ਉਨ੍ਹਾਂ ਕਿਹਾ ਕਿ ਨਸ਼ਿਆਂ ਦਾ ਸੰਕਟ ਨਾ ਸਿਰਫ ਵਿਅਕਤੀਗਤ ਜੀਵਨ ਨੂੰ, ਸਗੋਂ ਪਰਿਵਾਰ ਅਤੇ ਸਮਾਜ ਦੀ ਨੀਵ ਨੂੰ ਵੀ ਹਿਲਾ ਕੇ ਰੱਖ ਦਿੰਦਾ ਏ। ਉਨ੍ਹਾਂ ਨੇ ਸਮਾਜ ਨੂੰ ਜਾਗਰੂਕ ਕਰਨ ਅਤੇ ਔਰਤਾਂ ਨੂੰ ਸਸ਼ਕਤ ਕਰਨ ਲਈ ਇੱਕ ਮਜ਼ਬੂਤ ਰਣਨੀਤੀ ਬਣਾਉਣ ਦੀ ਲੋੜ ਤੇ ਜ਼ੋਰ ਦਿੱਤਾ। ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ, ਪ੍ਰੋ. ਰੇਨੂ ਵਿਗ ਨੇ ਭਰੋਸਾ ਦਿੱਤਾ ਕਿ ਪੰਜਾਬ ਯੂਨੀਵਰਸਿਟੀ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ, ਪੂਰੀ ਤਰ੍ਹਾਂ ਸਹਿਯੋਗ ਦੇਵੇਗੀ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਪੰਜਾਬ ਵਿੱਚੋ ਨਸ਼ੇ ਦੀ ਸਮੱਸਿਆ ਨੂੰ ਪੂਰੀ ਤਰ੍ਹਾਂ ਖਤਮ ਕੀਤਾ ਜਾ ਸਕੇ।

-----------------------------------------------------------------------

ਬੀਤੇ ਦਿਨੀ ਜੰਮੂ ਕਸ਼ਮੀਰ ਦੇ ਕੁੱਪਵਾੜਾ ਜ਼ਿਲੇ ਵਿਚ ਦਹਿਸ਼ਤਗਰਦਾਂ ਨਾਲ ਮੁਕਾਬਲੇ ਵਿਚ ਸ਼ਹੀਦ ਹੋਏ ਪਿੰਡ ਅਕਲੀਆ ਦੇ ਅਗਨੀਵੀਰ

ਲਵਪ੍ਰੀਤ ਸਿੰਘ ਦਾ ਅੰਤਮ ਸਸਕਾਰ ਪੂਰੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ। ਲੈਫਟੀਨੈਂਟ ਕਰਨਲ ਅਸ਼ੀਸ਼ ਤੋਮਰ ਦੀ ਅਗਵਾਈ ਵਿਚ, ਫੌਜ ਟੁਕੜੀ ਲਵਪ੍ਰੀਤ ਸਿੰਘ ਦੀ ਮ੍ਰਿਤਕ ਦੇਹ ਨੂੰ ਸਰਕਾਰੀ ਸਨਮਾਨਾਂ ਨਾਲ ਲੈ ਕੇ ਪਿੰਡ ਪਹੁੰਚੀ। ਪਿੰਡ ਵਾਸੀਆਂ ਨੇ ਨਮ ਅੱਖਾਂ ਨਾਲ ਸ਼ਹੀਦ ਨੂੰ ਅੰਤਮ ਵਿਦਾਈ ਦਿਤੀ। ਇਸ ਦੌਰਾਨ ਲੈਫਟੀਨੈਂਟ ਕਰਨਲ ਅਸ਼ੀਸ਼ ਤੋਮਰ, ਪੁਲਸ ਅਧਿਕਾਰੀਆਂ ਅਤੇ ਫੌਜੀ ਅਫਸਰਾਂ ਨੇ ਸ਼ਹੀਦ ਨੂੰ ਸਲਾਮੀ ਦਿੱਤੀ ਅਤੇ ਕਿਹਾ ਕਿ ਛੋਟੀ ਉਮਰ ਵਿਚ ਦੇਸ਼ ਲਈ ਬਲੀਦਾਨ ਦੇਣ ਵਾਲੇ ਅਜਿਹੇ ਸ਼ਹੀਦਾਂ ਦਾ ਨਾਮ, ਦੇਸ਼ ਦੇ ਇਤਿਹਾਸ ਵਿਚ ਸੁਨਹਿਰੀ ਅੱਖਰਾਂ ਵਿਚ ਲਿਖਿਆ ਜਾਵੇਗਾ।

---------------------------------------------------------------------------

ਪੰਜਾਬ ਵਿੱਚ ਅੱਜ ਧੁੰਦ ਅਤੇ ਸੀਤ ਲਹਿਰ ਨੂੰ ਲੈ ਕੇ ਕੋਈ ਵੀ ਅਲਰਟ ਜਾਰੀ ਨਹੀਂ ਕੀਤਾ ਗਿਆ ਏ। ਪਿਛਲੇ 24 ਘੰਟਿਆਂ ਵਿੱਚ ਔਸਤਨ ਵੱਧ ਤੋਂ ਵੱਧ ਤਾਪਮਾਨ ਵਿੱਚ ਇਕ ਡਿਗਰੀ ਦੀ ਗਿਰਾਵਟ ਹੋਈ ਏ। ਹਾਲਾਂਕਿ, ਇਹ ਸੂਬੇ ਵਿੱਚ ਸਧਾਰਣ ਤਾਪਮਾਨ ਨਾਲੋਂ 3.1 ਡਿਗਰੀ ਵੱਧ ਏ। ਮੌਸਮ ਵਿਭਾਗ ਦੇ ਅਨੁਸਾਰ ਆਉਣ ਵਾਲੇ ਦਿਨ ਵੀ ਖੁਸ਼ਕ ਰਹਿਣ

ਦੇ ਆਸਾਰ ਨੇ । ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰਪਾਲ ਨੇ ਦਸਿਆ I BYTE:

-----------------------------------------------------------------

ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਹੁਣ ਤੋਂ ਥੋੜੀ ਦੇਰ ਬਾਅਦ, ਨਵੀਂ ਦਿੱਲੀ ਵਿੱਚ ਗਣਤੰਤਰ ਦਿਵਸ ਸਮਾਗਮ ਵਿਚ ਹਿੱਸਾ ਲੈਣ ਵਾਲੇ NCC ਕੈਡਿਟਾਂ, ਝਾਂਕੀ ਕਲਾਕਾਰਾਂ ਅਤੇ ਕਬਾਇਲੀ ਮਹਿਮਾਨਾਂ ਨਾਲ ਮੁਲਾਕਾਤ ਕਰਨਗੇ ।
- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਚ ਨਸ਼ਿਆਂ ਦੀ ਸਮੱਸਿਆ ਤੇ ਮਹਿਲਾਵਾਂ ਤੇ ਉਸਦਾ ਭਾਰ ਵਿਸ਼ੇ ਤੇ ਇਕ ਵਿਸ਼ੇਸ਼ ਸਮਾਗਮ ਦਾ ਆਯੋਜਨ- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਨਸ਼ਿਆਂ ਦੀ ਸਮੱਸਿਆ ਤੇ ਗੰਭੀਰ ਚਿੰਤਾ ਪ੍ਰਗਟਾਈ ।
- ਉੱਤਰੀ ਰੇਲਵੇ ਨੇ 69ਵਾਂ ਰੇਲਵੇ ਹਫ਼ਤਾ ਮਨਾਇਆ-104 ਰੇਲਵੇ ਕਰਮਚਾਰੀਆਂ ਨੂੰ ਸ਼ਾਨਦਾਰ ਸੇਵਾ ਲਈ ਸਨਮਾਨਿਤ ਕੀਤਾ ਗਿਆ ਏ।
- ਅੱਜ ਦੇਸ਼ ਭਰ ਰਾਸ਼ਟਰੀ ਬਾਲੜੀ ਦਿਵਸ ਮਨਾਇਆ ਜਾ ਰਿਹਾ ਏ

- ਸੂਬਾ ਪੱਧਰੀ 'ਪੰਜਾਬ ਇਲੈਕਸ਼ਨ ਕੁਇਜ਼-2025' ਦੇ ਜੇਤੂਆਂ ਨੂੰ ਕਲ ਰਾਸ਼ਟਰੀ ਵੋਟਰ ਦਿਵਸ ਤੇ ਲੁਧਿਆਣਾ ਵਿਖੇ ਕੀਤਾ ਜਾਵੇਗਾ ਸਨਮਾਨਿਤ।

ਇਸਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ…

ਨਮਸਕਾਰ !